# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 02-05-2024**

ਪੰਜਾਬ ਵਿੱਚ ਨਿਰਪੱਖ, ਪਾਰਦਰਸ਼ੀ ਅਤੇ ਲਾਲਚ ਰਹਿਤ ਲੋਕ ਸਭਾ ਚੋਣਾਂ ਯਕੀਨੀ ਬਣਾਉਣ ਦੇ ਮੱਦੇਨਜ਼ਰ ਪੰਜਾਬ ਪੁਲਿਸ ਨੇ ਕੱਲ੍ਹ ਸੂਬੇ ਦੇ ਸਾਰੇ 28 ਪੁਲਿਸ ਜ਼ਿਲਿਆਂ ਵਿੱਚ ਨਸ਼ਾ ਤਸਕਰੀ ਨਾਲ ਸਬੰਧਤ ਥਾਵਾਂ ਅਤੇ ਹੋਰ ਸੰਵੇਦਨਸ਼ੀਲ ਖੇਤਰਾਂ ਵਿੱਚ ਇੱਕ ਵਿਸ਼ਾਲ ਘੇਰਾਬੰਦੀ ਅਤੇ ਤਲਾਸ਼ੀ ਅਭਿਆਨ ਸੀ.ਏ.ਐਸ.ਓ. ਚਲਾਇਆ । ਇਹ ਅਭਿਆਨ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ’ਤੇ ਸਵੇਰੇ 8 ਵਜੇ ਤੋਂ 11 ਵਜੇ ਤੱਕ ਸੂਬੇ ਭਰ ਵਿੱਚ ਇੱਕੋ ਸਮੇਂ ਚਲਾਇਆ ਗਿਆ । ਸਪੈਸ਼ਲ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਦੱਸਿਆ ਕਿ 3000 ਤੋਂ ਵੱਧ ਪੁਲਿਸ ਕਰਮੀਆਂ ਦੀ ਨਫ਼ਰੀ ਵਾਲੀਆਂ 500 ਤੋਂ ਵੱਧ ਪੁਲਿਸ ਟੀਮਾਂ ਨੇ ਨਸ਼ਿਆਂ ਦੇ 246 ਹੌਟਸਪੌਟਸ ਦੀ ਘੇਰਾਬੰਦੀ ਕੀਤੀ ਅਤੇ ਐਨ ਡੀ ਪੀ ਐਸ ਤਹਿਤ ਨਾਮਜ਼ਦ ਤੇ ਜ਼ਮਾਨਤ

’ਤੇ ਬਰੀ ਹੋਏ 864 ਵਿਅਕਤੀਆਂ ਦੀ ਜਾਂਚ ਵੀ ਕੀਤੀ। ਇਸ ਆਪਰੇਸ਼ਨ ਦੌਰਾਨ ਪੁਲਿਸ ਨੇ 31 ਐਫ.ਆਈ.ਆਰ. ਦਰਜ ਕੀਤੀਆਂ ਅਤੇ 22 ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਤੋਂ ਇਲਾਵਾ, ਇੱਕ ਭਗੌੜੇ ਨੂੰ ਵੀ ਹਿਰਾਸਤ ਵਿੱਚ ਲਿਆ ਏ। ਅਰਪਿਤ ਸ਼ੁਕਲਾ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ 2 ਕਿਲੋ 95 ਗ੍ਰਾਮ ਹੈਰੋਇਨ, 36000 ਰੁਪਏ ਦੀ ਡਰੱਗ ਮਨੀ, 100 ਗ੍ਰਾਮ ਅਫੀਮ, 21 ਕਿਲੋ 5 ਗ੍ਰਾਮ ਭੁੱਕੀ ਅਤੇ ਵੱਡੀ ਮਾਤਰਾ ਵਿੱਚ ਲਾਹਣ ਤੇ ਨਾਜਾਇਜ਼ ਸ਼ਰਾਬ ਤੋਂ ਇਲਾਵਾ ਗੋਲੀ-ਸਿੱਕੇ ਸਮੇਤ ਦੋ ਪਿਸਤੌਲਾਂ ਵੀ ਬਰਾਮਦ ਕੀਤੀਆਂ ਨੇ।

---------------------------------------------------------------

ਪੰਜਾਬ ਭਾਜਪਾ ਦੇ ਜਥੇਬੰਦਕ ਇੰਚਾਰਜ ਵਿਜੇ ਰੂਪਾਨੀ ਨੇ ਕੱਲ੍ਹ ਬਠਿੰਡਾ ਵਿਖੇ ਲੋਕ ਸਭਾ ਚੋਣਾਂ ਸਬੰਧੀ ਪਾਰਟੀ ਵਰਕਰਾਂ ਨਾਲ ਇਕ ਮੀਟਿੰਗ ਕੀਤੀ। ਉਨ੍ਹਾਂ ਵਰਕਰਾਂ ਨੂੰ ਭਾਜਪਾ ਸਰਕਾਰ ਦੀਆਂ ਪ੍ਰਾਪਤੀਆਂ ਵੋਟਰਾਂ ਤਕ ਪਹੁੰਚਾਉਣ ਲਈ ਆਖਿਆ। ਇਸ ਮੀਟਿੰਗ ਵਿੱਚ ਪਾਰਟੀ ਦੇ ਕੌਮੀ ਸਕੱਤਰ ਡਾ. ਨਰਿੰਦਰ ਰੈਨਾ, ਸੰਗਠਨ ਮੰਤਰੀ ਸ੍ਰੀਨਿਵਾਸਲੂ ਅਤੇ ਬਠਿੰਡਾ ਤੋਂ ਪਾਰਟੀ ਉਮੀਦਵਾਰ ਪਰਮਪਾਲ ਕੌਰ ਸਿੱਧੂ ਸਮੇਤ ਹੋਰ

ਆਗੂ ਮੌਜੂਦ ਰਹੇ। ਵਿਜੇ ਰੂਪਾਨੀ ਨੇ ਕਿਹਾ ਕਿ ਪੰਜਾਬ ਵਿੱਚ ਭਾਜਪਾ ਨੇ 9 ਉਮੀਦਵਾਰਾਂ ਦਾ ਐਲਾਨ ਪਹਿਲਾਂ ਹੀ ਕਰ ਦਿੱਤਾ ਏ ਅਤੇ ਬਾਕੀ ਰਹਿੰਦੇ ਵੀ ਅਗਲੇ ਇੱਕ-ਦੋ ਦਿਨਾਂ ਐਲਾਨੇ ਜਾਣਗੇ। ਉਨਾਂ ਕਿਹਾ ਕਿ ਮੋਦੀ ਸਰਕਾਰ ਨੇ ਕਿਸਾਨਾਂ ਦੇ ਭਲੇ ਲਈ ਬਹੁਤ ਕੰਮ ਕੀਤਾ ਏ ਅਤੇ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਲਈ ਉਪਰਾਲੇ ਕੀਤੇ ਗਏ ਨੇ। ਉਨਾਂ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਲੋਕਾਂ ਨਾਲ ਧੋਖਾ ਕਰਨ ਦਾ ਦੋਸ਼ ਲਗਾਇਆ ਅਤੇ ਕਿਹਾ ਕਿ ਹੁਣ ਲੋਕਾਂ ਨੂੰ ਸਿਰਫ਼ ਭਾਜਪਾ ਤੋਂ ਹੀ ਆਸ ਏ।

---------------------------------------------------------------

ਪਦਮ ਪੁਰਸਕਾਰਾਂ ਲਈ ਆਨਲਾਈਨ ਨਾਮਜ਼ਦਗੀ ਅਤੇ ਸਿਫਾਰਸ਼ਾਂ ਦੀ ਪ੍ਰਕਿਰਿਆ ਕੱਲ੍ਹ ਤੋਂ ਸ਼ੁਰੂ ਹੋ ਗਈ ਏ। ਨਾਮਜ਼ਦਗੀ ਦੀ ਆਖਰੀ ਤਾਰੀਕ 15 ਸਤੰਬਰ ਏ। ਨਾਮਜ਼ਦਗੀਆਂ ਅਤੇ ਸਿਫ਼ਾਰਸ਼ਾਂ ਨੈਸ਼ਨਲ ਐਵਾਰਡਜ਼ ਪੋਰਟਲ www. awards. gov. in 'ਤੇ ਕੀਤੀਆਂ ਜਾ ਸਕਦੀਆਂ ਨੇ। ਪਦਮ ਪੁਰਸਕਾਰਾਂ ਵਿੱਚ ਪਦਮ ਵਿਭੂਸ਼ਣ, ਪਦਮ ਭੂਸ਼ਣ ਅਤੇ ਪਦਮਸ਼੍ਰੀ ਪੁਰਸਕਾਰ ਸ਼ਾਮਲ ਨੇ। ਇਹ ਪੁਰਸਕਾਰ ਕਲਾ, ਸਾਹਿਤ ਤੇ ਸਿੱਖਿਆ,

ਖੇਡਾਂ, ਦਵਾਈ, ਸਮਾਜਿਕ ਕਾਰਜ, ਵਿਗਿਆਨ ਤੇ ਇੰਜੀਨੀਅਰਿੰਗ, ਜਨਤਕ ਮਾਮਲੇ, ਸਿਵਲ ਸੇਵਾਵਾਂ ਅਤੇ ਵਪਾਰ ਤੇ ਉਦਯੋਗ ਸਮੇਤ ਵੱਖ-ਵੱਖ ਵਿਸ਼ਿਆਂ ਵਿੱਚ ਵਿਲੱਖਣ ਤੇ ਅਸਾਧਾਰਨ ਪ੍ਰਾਪਤੀਆਂ ਲਈ ਦਿੱਤੇ ਜਾਂਦੇ ਨੇ।

----------------------------------------------------

ਮਾਲੇਰਕੋਟਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਡਾ. ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਅਧੀਨ ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਦੇ ਅਸੈਂਬਲੀ ਹਲਕੇ ਅਮਰਗੜ੍ਹ ਅਤੇ ਲੋਕ ਸਭਾ ਹਲਕਾ ਸੰਗਰੂਰ ਦੇ ਅਸੈਂਬਲੀ ਹਲਕੇ ਮਾਲੇਰਕੋਟਲਾ ਲਈ ਲੋਕ ਸਭਾ ਚੋਣਾਂ ਵਿੱਚ ਵੱਧ ਤੋਂ ਵੱਧ ਮਤਦਾਨ ਕਰਨ ਲਈ ਪ੍ਰਸ਼ਾਸਨ ਵੱਲੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਏ। ਲੋਕ ਸਭਾ ਚੋਣਾਂ ਨਿਰਪੱਖ, ਅਮਨ ਸ਼ਾਤੀ ਤੇ ਪਾਰਦਰਸ਼ੀ ਤਰੀਕੇ ਨਾਲ ਕਰਵਾਉਣ ਅਤੇ ਭਾਰਤ ਚੋਣ ਕਮਿਸ਼ਨ ਦੀ 'ਇਸ ਵਾਰ 70 ਪਾਰ' ਮੁਹਿੰਮ ਨੂੰ ਜਮੀਨੀ ਪੱਧਰ 'ਤੇ ਲਿਜਾਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਵੀਪ ਗਤੀਵਿਧੀਆਂ ਤਹਿਤ ਵਿਸ਼ੇਸ਼ ਪਹਿਲਕਦਮੀਆਂ ਲਗਾਤਾਰ ਜਾਰੀ ਨੇ। ਇਨਾਂ ਉਪਰਾਲਿਆਂ

ਤਹਿਤ ਹੀ ਜ਼ਿਲ੍ਹੇ ਦੇ ਵਪਾਰਕ ਬੈਂਕਾਂ, ਸੰਸਥਾਵਾਂ, ਨਿੱਜੀ ਅਤੇ ਸਰਕਾਰੀ ਵਿਦਿਅਕ ਅਦਾਰਿਆਂ, ਉਦਯੋਗਿਕ ਇਕਾਕੀਆਂ ਆਦਿ ਵਿਖੇ ਜਾਗਰੂਕਤਾ ਮੁਹਿੰਮ ਚਲਾ ਕੇ ਪਹਿਲੀ ਜੂਨ ਨੂੰ ਲੋਕਤੰਤਰ ਦੇ ਜਸ਼ਨ ਵਿੱਚ ਹਿੱਸਾ ਲੈਣ ਲਈ ਲਗਾਤਾਰ ਪ੍ਰੇਰਿਤ ਕੀਤਾ ਜਾ ਰਿਹਾ ਏ।

---------------------------------------------------------------

ਰੂਪਨਗਰ ਦੇ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਮੇਸ਼ ਕੁਮਾਰ ਅਤੇ ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹਿਮਾਂਸ਼ੀ ਗਲਹੋਤਰਾ ਨੇ ਰੂਪਨਗਰ ਜ਼ਿਲ੍ਹਾ ਜੇਲ੍ਹ ਦਾ ਅਚਨਚੇਤ ਦੌਰਾ ਕੀਤਾ ਅਤੇ ਕੈਦੀਆਂ ਨਾਲ ਵੀ ਗੱਲਬਾਤ ਕੀਤੀ। ਉਹ ਜੇਲ੍ਹ ਹਸਪਤਾਲ ਵੀ ਗਏ ਅਤੇ ਹਸਪਤਾਲ ਵਿਚਲੇ ਮਰੀਜਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਜੇਲ੍ਹ ਪ੍ਰਸ਼ਾਸਨ ਤੇ ਡਾਕਟਰ ਨੂੰ ਹਦਾਇਤਾਂ ਦਿੱਤੀਆਂ। ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਇਸ ਤੋਂ ਬਾਅਦ ਜਨਾਨਾ ਵਾਰਡ ਦਾ ਦੌਰਾ ਵੀ ਕੀਤਾ। ਇਸ ਦੇ ਨਾਲ ਹੀ ਗਰਭਵਤੀ ਔਰਤਾਂ ਦੀ ਦੇਖਭਾਲ ਦੇ ਸਬੰਧ ਵਿੱਚ ਡਾਕਟਰ ਨੂੰ ਹਦਾਇਤਾਂ ਕੀਤੀਆਂ ਗਈਆਂ। ਉਨ੍ਹਾਂ ਜੇਲ੍ਹ ਸੁਪਰਡੈਂਟ ਨੂੰ ਇੱਕ ਗਾਇਨੀ ਡਾਕਟਰ ਅਤੇ

ਸਕਿਨ ਸਪੈਸ਼ਲਿਸਟ ਦੀ ਵਿਜਿਟ ਕਰਾਉਣ ਸਬੰਧੀ ਆਖਿਆ। ਰਮੇਸ਼ ਕੁਮਾਰੀ ਨੇ ਜੇਲ੍ਹ ਵਿਚਲੇ ਲੰਗਰ ਹਾਲ ਦਾ ਦੌਰਾ ਵੀ ਕੀਤਾ ਜਿੱਥੇ ਕਿ ਉਨ੍ਹਾਂ ਖਾਣੇ ਦਾ ਨਿਰੀਖਣ ਕੀਤਾ ਅਤੇ ਜੇਲ੍ਹ ਪ੍ਰਸ਼ਾਸਨ ਨੂੰ ਸਾਫ ਸੁਥਰਾ ਭੋਜਨ ਬਣਾਉਣ ਦੀ ਹਦਾਇਤ ਕੀਤੀ।

-----------------------------------------------------------

ਕ੍ਰਿਸ਼ੀ ਵਿਗਿਆਨ ਕੇਂਦਰ ਪਟਿਆਲਾ ਵੱਲੋਂ ਪੰਜ ਦਿਨਾਂ ਫੁਲਕਾਰੀ ਕਢਾਈ ਦੀ ਬਹੁਭਾਂਤੀ ਵਰਤੋਂ ਅਤੇ ਸਾਬਣ-ਸਰਫ ਬਣਾਉਣ ਸਬੰਧੀ ਸਿਖਲਾਈ ਕੋਰਸ ਕਰਵਾਇਆ ਗਿਆ। ਇਸ ਕੋਰਸ ਵਿਚ ਜ਼ਿਲੇ ਦੇ ਵੱਖ-ਵੱਖ ਸਬ ਡਵੀਜ਼ਨਾਂ ਤੇ ਪਿੰਡਾਂ ਸ਼ੁਤਰਾਣਾ, ਨਾਭਾ, ਮੂੰਡਖੇੜਾ, ਧਰਮਕੋਟ, ਗਲਵੱਟੀ, ਮਸੀਂਗਣ ਤੋਂ 17 ਪੇਂਡੂ ਔਰਤਾਂ ਤੇ ਕੁੜੀਆਂ ਨੇ ਹਿੱਸਾ ਲਿਆ। ਗ੍ਰਹਿ ਵਿਗਿਆਨ ਦੇ ਪ੍ਰੋਫੈਸਰ ਡਾ. ਗੁਰਉਪਦੇਸ਼ ਕੌਰ ਨੇ ਕੱਪੜਿਆਂ ਦੀ ਸਾਜ਼-ਸਜਾਵਟ ਲਈ ਫੁਲਕਾਰੀ ਕਢਾਈ ਕੱਢਣ ਦੇ ਗੁਰ ਦੱਸੇ ਅਤੇ ਵੱਖ-ਵੱਖ ਸਜਾਵਟੀ ਸਮਾਨ ਦੁਪੱਟੇ, ਪੋਟਲੀ ਪਰਸ, ਬਟੂਆ ਅਤੇ ਸੀਨਰੀਆਂ ਬਣਾਉਣ ਦੀ ਤਕਨੀਕੀ ਜਾਣਕਾਰੀ ਦਿੱਤੀ। ਘਰ ਵਿਚ ਸਾਬਣ ਤੇ ਸਰਫ ਬਣਾਉਣ ਬਾਰੇ ਵੀ ਸਿਖਿਆਰਥਣਾਂ ਨੇ ਬਹੁਤ ਉਤਸ਼ਾਹ ਨਾਲ ਜਾਣਕਾਰੀ

ਲਈ। ਸਹਿਯੋਗੀ ਪ੍ਰੋਫੈਸਰ, ਮਾਨਵ ਵਿਕਾਸ ਡਾ. ਵੰਦਨਾ ਕੰਵਰ ਨੇ ਸਵੈ-ਸਮੂਹਾਂ ਦੇ ਸ਼ਕਤੀਕਰਣ ਬਾਰੇ ਪ੍ਰੇਰਿਤ ਭਾਸ਼ਣ ਦਿੱਤਾ ਅਤੇ ਖੇਡਾਂ ਰਾਹੀਂ ਸਮੂਹ ਦੀ ਤਾਕਤ ਬਾਰੇ ਦੱਸਿਆ।